(3)

ਨੰ:2/107/2007-2ਸਿ:3/21091

ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-3-ਸ਼ਾਖਾ)

ਸੇਵਾ ਵਿਖੇ,

ਪ੍ਰਿੰਸੀਪਲ,
ਮਾਨਵ ਸਹਿਯੋਗ ਸਕੂਲ, ਪਿੰਡ ਸ਼ਾਹਪੁਰ,
ਜਿਲ੍ਹਾ ਜਲੰਧਰ।

ਮਿਤੀ,ਚੰਡੀਗੜ੍ਹ: 9-8-07

ਵਿਸ਼ਾ:- ਪ੍ਰਿੰਸੀਪਲ, ਮਾਨਵ ਸਹਿਯੋਗ ਸਕੂਲ, ਪਿੰਡ ਸ਼ਾਹਪੁਰ, ਜਿਲ੍ਹਾ ਜਲੰਧਰ, ਨੂੰ ਸੀ.ਬੀ.ਐਸ.ਈ., ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

*****

ਸ਼੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ:ਸਿ:), ਜਲੰਧਰ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜ਼ਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜ਼ਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

PRINCIPAL
MANAV SEHYOG SCHOOL
Vill. Shahpur, Jalandhar

ਚਲਦਾ ਪੰਨਾ--2

CHAIRMAN
MANAV SEHYOG SCHOOL
Vill. Shahpur, Jalandhar

3. ਸੀ.ਬੀ.ਐਸ.ਈ. ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

4. ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜ਼ਿਲ੍ਹੇ ਦੇ ਜ਼ਿਲ੍ਹਾ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾਂ ਉਪਲਬੱਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

ਪਿੱਠ ਅੰਕਣ ਨੰ: 2/107/2007-2ਸਿ:3/ 21092

ਮਿਤੀ,ਚੰਡੀਗੜ੍ਹ: 9/8/07

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ (ਸੈ.ਸਿ), ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ :15/50-2007-ਗਰਾਂਟ-1(5) ਮਿਤੀ 28-6-07 ਦੇ ਹਵਾਲੇ ਵਿੱਚ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਇੰਸਪੈਕਸਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ,ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

PRINCIPAL
MANAV SEHYOG SCHOOL
Vill. Shahpur, Jalandhar

CHAIRMAN
MANAV SEHYOG SCHOOL
Vill. Shahpur, Jalandhar

(7)

## TRANSLATION FROM PUNJABI TO ENGLISH

**Office of the District Education Officer (Secondary), Jalandhar**

**To**
The Director, Education Department, Punjab,
Chandigarh.

**Memo No.: G-6/2007-08/64347-48**
**Dated: 05.06.2007**

**Subject: Regarding obtaining a No Objection Certificate (NOC) for Manav Sehyog School, Shahpur, Jalandhar.**

With reference to the subject cited above, the case of **Manav Sehyog School, Shahpur, Jalandhar** has been scrutinized and is being forwarded to your office for the issuance of a **No Objection Certificate (NOC).**

The attached documents and the village records have been verified and found to be correct.

**PIN Memo No.: As Above**
**Dated: Jalandhar**

**District Education Officer**
**Jalandhar**

### Copy Forwarded

A copy of this letter is forwarded to the **Principal, Manav Sehyog School, Shahpur (Jalandhar)** for information.

**District Education Officer (Secondary)**
Jalandhar

Translated Copy of the Document Produced
ATTESTED
Notary, Jalandhar (Pb) India

NOTARY
PRITPAL SINGH
ADVOCATE
Jalandhar Distt.
Regd. No. 2254
GOVT. OF INDIA

21 MAY 2026

PRINCIPAL
MANAV SEHYOG SCHOOL
Vill. Shahpur, Jalandhar

CHAIRMAN
MANAV SEHYOG SCHOOL
Vill. Shahpur, Jalandhar